SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 23* Issue 90 | Thursday, May 16, 2024 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਮੇਅਰ ਓਲੀਵੀਆ ਚਾਉ ਵੱਲੋਂ ਇਜ਼ਰਾਈਲ ਦੇ ਰਾਸ਼ਟਰੀ ਦਿਵਸ ਸੰਬੰਧੀ ਸਿਟੀ ਹਾਲ ਸਮਾਰੋਹ ਵਿੱਚ ਸ਼ਾਮਿਲ ਨਾ ਹੋਣ ਦਾ ਫੈਸਲਾ



ਟੋਰਾਂਟ, 15 ਮਈ (ਪੋਸਟ ਬਿਊਰੋ): ਟੋਰਾਂਟੋ ਦੀ ਮੇਅਰ ਨੇ ਕਿਹਾ ਕਿ ਉਨ੍ਹਾਂ ਨੇ ਮੰਗਲਵਾਰ ਨੂੰ ਇਜ਼ਰਾਈਲ ਦੇ ਰਾਸ਼ਟਰੀ ਦਿਵਸ ਨੂੰ ਮਨਾਉਣ ਵਾਲੇ ਸਿਟੀ ਹਾਲ ਸਮਾਰੋਹ ਵਿੱਚ ਸ਼ਾਮਿਲ ਨਾ ਹੋਣ ਦਾ ਫੈਸਲਾ ਕੀਤਾ ਹੈ ਕਿਉਂਕਿ ਇੱਕ ਸਮਾਗਮ ਜਿੱਥੇ ਇਜ਼ਰਾਈਲੀ ਝੰਡਾ ਲਹਿਰਾਇਆ ਜਾਂਣਾ ਹੈ, ਇਸ ਸਮੇਂ ਗਾਜ਼ਾ ਵਿੱਚ ਯੁੱਧ ਕਾਰਨ ਵੰਡ ਪਾਉਣ ਵਾਲਾ ਕੰਮ ਹੈ।

ਓਲੀਵੀਆ ਚਾਉ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਇਹ ਬਹੁਤ ਸਪੱਸ਼ਟ ਹੈ ਕਿ ਇਜ਼ਰਾਈਲ ਅਤੇ ਹਮਾਸ ਵਿਚਕਾਰ ਚੱਲ ਰਹੇ ਸੰਘਰਸ਼ ਨੇ 7 ਅਕਤੂਬਰ ਨੂੰ ਹਿੰਸਾ ਸ਼ੁਰੂ ਹੋਣ ਤੋਂ ਬਾਅਦ ਪ੍ਰਦਰਸ਼ਨਾਂ ਦੀਆਂ ਘਟਨਾਵਾਂ ਦਾ ਹਵਾਲਾ ਦਿੰਦੇ ਹੋਏ, ਸ਼ਹਿਰ ਵਿੱਚ ਡੂੰਘੀਆਂ ਦਰਾਰਾਂ ਪੈਦਾ ਕਰ ਦਿੱਤੀਆਂ ਸਨ।

ਚਾਉ ਨੇ ਝੰਡਾ ਲਾਹਿਰਾਉਣ ਬਾਰੇ ਕਿਹਾ ਕਿ ਮੈਨੂੰ ਲੱਗਦਾ ਹੈ ਕਿ ਇਹ ਥੋੜਾ ਵੰਡਣ ਵਾਲਾ ਹੈ ਕਿਉਂਕਿ ਇੱਥੇ ਇੱਕ ਯੁੱਧ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਵਨਾਵਾਂ ਉੱਚੀਆਂ ਹਨ ਅਤੇ ਮੈਨੂੰ ਲੱਗਦਾ ਹੈ ਕਿ ਇਹ ਮਹੱਤਵਪੂਰਨ ਹੈ ਕਿ ਅਸੀਂ ਇੱਕ ਦੂਜੇ ਨੂੰ ਸੁਣੀਏ। ਹਮਦਰਦ ਬਣੀਏ।

ਇਸ ਮਹੀਨੇ ਦੇ ਸ਼ੁਰੂ ਵਿੱਚ ਇੱਕ ਬਿਆਨ ਵਿੱਚ, ਚਾਉ ਨੇ ਮੰਨਿਆ ਕਿ ਗਾਜ਼ਾ ਵਿੱਚ ਜੰਗ ਨੂੰ ਲੈ ਕੇ ਬਹੁਤ ਸਾਰੇ ਟੋਰਾਂਟੋ ਵਾਸੀਆਂ ਦਾ ਦਰਦ ਅਤੇ ਪ੍ਰੇਸ਼ਾਨੀ ਮਹਿਸੂਸ ਕਰ ਰਹੇ ਹਨ। ਉਨ੍ਹਾਂ ਤੁਰੰਤ ਜੰਗਬੰਦੀ ਅਤੇ ਹਮਾਸ ਦੁਆਰਾ ਕੈਦ ਕੀਤੇ ਗਏ ਸਾਰੇ ਬੰਧਕਾਂ ਦੀ ਵਾਪਸੀ ਦੀ ਮੰਗ ਕੀਤੀ।

ਚਾਉ ਨੇ ਮੰਗਲਵਾਰ ਕਿਹਾ ਕਿ ਟੋਰਾਂਟੋ ਦਾ ਮੇਅਰ ਇਹ ਫੈਸਲਾ ਨਹੀਂ ਕਰਦਾ ਹੈ ਕਿ ਸਿਟੀ ਹਾਲ ਦੇ ਸਮਾਗਮਾਂ ਵਿੱਚ ਕਿਹੜੇ ਝੰਡੇ ਲਹਿਰਾਏ ਜਾਣ। ਅਜਿਹੀਆਂ ਬੇਨਤੀਆਂ ਨੂੰ ਪ੍ਰੋਟੋਕੋਲ ਦਫਤਰ ਦੁਆਰਾ ਜਨਤਕ ਸੁਝਾਵਾਂ ਤੋਂ ਬਾਅਦ ਪ੍ਰਵਾਨਗੀ ਦਿੱਤੀ ਜਾਂਦੀ ਹੈ।

## ਕੋਵਿਡ-19 ਮਹਾਂਮਾਰੀ ਦੌਰਾਨ ਅਹਿਮ ਭੂਮਿਕਾ ਨਿਭਾਉਣ ਵਾਲੀ ਡਾਕਟਰ ਡੀ ਵਿਲਾ ਨੇ ਕੀਤਾ ਅਸਤੀਫ਼ੇ ਦਾ ਐਲਾਨ

ਟੋਰਾਂਟ, 15 ਮਈ (ਪੋਸਟ ਬਿਊਰੋ): ਸ਼ਹਿਰ ਦੇ ਸੀਨੀਅਰ ਤੇ ਸਿਖਰਲੇ ਜਨਤਕ ਸਿਹਤ ਅਧਿਕਾਰੀ ਵਜੋਂ ਕੋਵਿਡ-19 ਮਹਾਂਮਾਰੀ ਦੁਆਰਾ ਟੋਰਾਂਟੋ ਦੀ ਅਗਵਾਈ ਕਰਨ ਵਾਲੀ ਡਾਕਟਰ ਨੇ ਅਸਤੀਫਾ ਦੇ ਦਿੱਤਾ ਹੈ। ਡਾਕਟਰ ਈਲੀਨ ਡੀ ਵਿਲਾ ਨੇ ਮੰਗਲਵਾਰ ਨੂੰ ਸੋਸ਼ਲ ਮੀਡੀਆ 'ਤੇ ਪੋਸਟ ਕੀਤੇ ਇੱਕ ਵੀਡੀਓ ਸੰਦੇਸ਼ ਵਿੱਚ ਆਪਣੇ ਅਸਤੀਫੇ ਦਾ ਐਲਾਨ ਕੀਤਾ।



ਇਸ ਦੌਰਾਨ ਡੀ ਵਿਲਾ ਨੇ ਕਿਹਾ ਕਿ ਟੋਰਾਂਟੋ ਦੇ ਮੈਡੀਕਲ ਅਫਸਰ ਆਫ਼ ਹੈਲਥ ਵਜੋਂ ਸੇਵਾ ਕਰਨਾ ਅਤੇ 2017 ਵਿੱਚ ਇਸ ਭੂਮਿਕਾ ਲਈ ਪਹਿਲੀ ਵਾਰ ਨਿਯੁਕਤ ਕੀਤੇ ਜਾਣ ਤੋਂ ਬਾਅਦ ਕੈਨੇਡਾ ਦੀ ਸਭ ਤੋਂ ਵੱਡੀ ਸਥਾਨਕ ਜਨਤਕ ਸਿਹਤ ਯੂਨਿਟ ਦੀ ਅਗਵਾਈ ਕਰਨਾ ਉਨ੍ਹਾਂ ਲਈ "ਵੱਖਰਾ ਸਨਮਾਨ ਅਤੇ ਵਿਸ਼ੇਸ਼ ਅਧਿਕਾਰ" ਰਿਹਾ ਹੈ।

ਵਿਲਾ ਨੇ ਕਿਹਾ ਕਿ ਮੈਂ ਪਿਛਲੇ ਕਈ ਸਾਲਾਂ ਤੋਂ ਤੁਹਾਡੇ ਮੈਡੀਕਲ ਅਫਸਰ ਆਫ਼ ਹੈਲਥ ਵਜੋਂ ਸੇਵਾ ਕਰਨ ਦੇ ਤੁਹਾਡੇ ਵੱਲੋਂ ਦਿੱਤੇ ਸਨਮਾਨ ਲਈ ਅਤਿਅੰਤ ਧੰਨਵਾਦੀ। ਉਨ੍ਹਾਂ ਕਿਹਾ ਕਿ ਦਸੰਬਰ 31 ਨੂੰ ਆਪਣੀ ਡਿਊਟੀ ਖਤਮ ਕਰਨਗੇ।

## ਗਾਜ਼ਾ 'ਤੇ ਇਜ਼ਰਾਈਲੀ ਹਮਲੇ ਵਿਚ ਸਾਬਕਾ ਭਾਰਤੀ ਸੈਨਿਕ ਦੀ ਮੌਤ

ਗਾਜ਼ਾ, 15 ਮਈ (ਪੋਸਟ ਬਿਊਰੋ): ਸੰਯੁਕਤ ਰਾਸ਼ਟਰ (ਯੂਐਨ) ਏਜੰਸੀ ਲਈ ਕੰਮ ਕਰ ਰਹੇ ਇੱਕ ਸਾਬਕਾ ਭਾਰਤੀ ਸਿਪਾਹੀ ਦੀ ਸੋਮਵਾਰ (13 ਮਈ) ਨੂੰ ਗਾਜ਼ਾ ਵਿੱਚ ਇਜ਼ਰਾਈਲ-ਹਮਾਸ ਯੁੱਧ ਦੌਰਾਨ ਮੌਤ ਹੋ ਗਈ। ਸਾਬਕਾ ਫੌਜੀ ਦਾ ਨਾਂ ਕਰਨਲ ਵੈਭਵ ਅਨਿਲ ਕਾਲੇ ਸੀ, ਜੋ ਨਾਗਪੁਰ ਦਾ ਰਹਿਣ ਵਾਲਾ ਸੀ।

ਸੰਯੁਕਤ ਰਾਸ਼ਟਰ ਦੀ ਏਜੰਸੀ 'ਚ ਸ਼ਾਮਿਲ ਹੋਣ ਤੋਂ ਪਹਿਲਾਂ ਉਹ ਜੰਮੂ-ਕਸ਼ਮੀਰ ਰਾਈਫਲਜ਼ 'ਚ ਤਾਇਨਾਤ ਸਨ। ਭਾਰਤ ਦੇ ਵਿਦੇਸ਼ ਮੰਤਰਾਲੇ ਨੇ ਬੁੱਧਵਾਰ ਨੂੰ ਵੈਭਵ ਦੀ ਮੌਤ 'ਤੇ ਦੁੱਖ ਪ੍ਰਗਟ ਕੀਤਾ।



ਮੰਤਰਾਲੇ ਨੇ ਕਾਲੇ ਦੇ ਪਰਿਵਾਰ ਪ੍ਰਤੀ ਹਮਦਰਦੀ ਪ੍ਰਗਟ ਕਰਦੇ ਹੋਏ ਇੱਕ ਬਿਆਨ ਜਾਰੀ ਕੀਤਾ ਹੈ।

ਉਨ੍ਹਾਂ ਦੱਸਿਆ ਕਿ ਸਰਕਾਰ ਵੈਭਵ ਦੀ ਲਾਸ਼ ਨੂੰ ਭਾਰਤ ਲਿਆਉਣ ਲਈ ਲਗਾਤਾਰ ਸੰਯੁਕਤ ਰਾਸ਼ਟਰ ਦੇ ਸੰਪਰਕ ਵਿੱਚ ਹੈ। ਸੰਯੁਕਤ ਰਾਸ਼ਟਰ ਨੇ ਵੀ ਇਸ ਮਾਮਲੇ 'ਤੇ ਦੁੱਖ ਪ੍ਰਗਟ ਕੀਤਾ ਹੈ। ਵੈਭਵ ਦੀ ਮੌਤ ਉਸ ਸਮੇਂ ਹੋ ਗਈ ਜਦੋਂ ਉਹ ਰਾਫਾ ਵਿੱਚ ਮਨੁੱਖੀ ਸਹਾਇਤਾ ਪਹੁੰਚਾ ਰਿਹਾ ਸੀ। ਇਸ ਦੌਰਾਨ ਇਕ ਇਜ਼ਰਾਈਲੀ ਟੈਂਕ ਨੇ ਉਨ੍ਹਾਂ 'ਤੇ ਹਮਲਾ ਕਰ ਦਿੱਤਾ।

ਕਰਨਲ ਵੈਭਵ ਅਨਿਲ ਕਾਲੇ ਨੇ 2022 ਵਿੱਚ ਭਾਰਤੀ ਫੌਜ ਤੋਂ ਰਿਟਾਇਰਮੈਂਟ ਲੈ ਲਈ ਸੀ। ਉਹ ਤਿੰਨ ਹਫ਼ਤੇ ਪਹਿਲਾਂ ਹੀ ਸੰਯੁਕਤ ਰਾਸ਼ਟਰ ਦੇ ਸੁਰੱਖਿਆ ਵਿਭਾਗ ਵਿੱਚ ਸ਼ਾਮਿਲ ਹੋਏ ਸਨ। 46 ਸਾਲਾ ਵੈਭਵ ਅਪ੍ਰੈਲ 1998 'ਚ ਭਾਰਤੀ ਫੌਜ 'ਚ ਭਰਤੀ ਹੋਇਆ ਸੀ। ਉਸਨੇ 2009 ਤੋਂ 2010 ਤੱਕ ਸੰਯੁਕਤ ਰਾਸ਼ਟਰ ਵਿੱਚ ਮੁੱਖ ਸੁਰੱਖਿਆ ਅਧਿਕਾਰੀ ਵਜੋਂ ਕੰਮ ਕੀਤਾ।

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

MagGas Medical Brampton
MGM
MAGGAS MEDICAL INC.
Helping you breathe deep and rest easy.
- CPAP ਮਸ਼ੀਨਾਂ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ ਮੁਫ਼ਤ
- ਓਨਟਾਰੀਓ ਵਰਕਸ ਲਈ ਮੁਫ਼ਤ
- ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Avon Financial Inc.
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7



## ਅੱਜ ਨਾਮਾ

ਕਰਦੇ ਬੱਚੇ ਤਾਂ ਮਿਹਨਤ ਨੇ ਜਾਗ ਰਾਤੀਂ,
ਹੋਇਆ ਸੁਣੀਂਦਾ ਪੇਪਰ ਆ ਲੀਕ ਬੇਲੀ।
ਦਿੱਤਾ ਪੇਪਰ ਫਿਰ ਸੁਣੀਂਦਾ ਰੱਦ ਹੋਇਆ,
ਨਿਕਲਦੀ ਬੱਚਿਆਂ ਦੀ ਰੋਂਦੀ ਚੀਕ ਬੇਲੀ।
ਖੋਲ੍ਹਦੀ ਅੱਖ ਸਰਕਾਰ ਤਾਂ ਹੁਕਮ ਕਰਦੀ,
ਰੱਖ ਲਏਜਾਂਚ ਫਿਰਮਿਥ ਤਰੀਕ ਬੇਲੀ।
ਘੱਟੇ-ਕੌਡੀਆਂ ਰੋਲਣ ਦਾ ਕਰਮ ਚੱਲਦਾ,
ਨਿਕਲਦੀ ਜਾਂਚ ਫਿਰ ਨਾਮ ਧਰੀਕ ਬੇਲੀ।
ਕਰਨੀ ਜਾਂਚ ਤੇ ਕਿਸੇ ਨੂੰ ਬਖਸ਼ਣਾ ਨਹੀਂ,
ਮਿਲਦਾ ਸੁਣਨ ਨੂੰ ਇਹੋ ਹੀ ਵਾਕ ਬੇਲੀ।
ਮਾਫੀਆ ਫਿਰਦਾ ਸਮਾਜ ਦੇ ਚਹੁੰ ਤਰਫੀਂ,
ਛੱਡਿਆ ਬੁੱਢਾ ਨਹੀਂ ਕੋਈ ਜਵਾਕ ਬੇਲੀ।

**ਤੀਸ ਮਾਰ ਖਾਂ**

# ਅਲਜੀਰੀਆ ਵਿਚ 26 ਸਾਲਾਂ ਤੋਂ ਲਾਪਤਾ ਵਿਅਕਤੀ ਮਿਲਿਆ, ਗੁਆਂਢੀ ਨੇ ਹੀ ਕੀਤਾ ਸੀ ਅਗਵਾ



ਅਲਕਾਦੀਦ, 15 ਮਈ (ਪੋਸਟ ਬਿਊਰੋ): ਅਲਜੀਰੀਆ ਦੇ ਅਲ ਕਾਦੀਦ ਸ਼ਹਿਰ ਵਿੱਚ 26 ਸਾਲ ਪਹਿਲਾਂ ਲਾਪਤਾ ਹੋਏ ਇੱਕ ਵਿਅਕਤੀ ਨੂੰ ਆਖਰਕਾਰ ਲੱਭ ਲਿਆ ਗਿਆ ਹੈ। ਉਮਰ ਬੀ ਨਾਂ ਦੇ ਵਿਅਕਤੀ ਨੂੰ ਉਸ ਦੇ ਗੁਆਂਢੀ ਨੇ ਅਗਵਾ ਕਰ ਲਿਆ ਸੀ। ਉਦੋਂ ਉਸ ਦੀ ਉਮਰ ਸਿਰਫ਼ 19 ਸਾਲ ਸੀ। ਉਮਰ 1998 ਵਿੱਚ ਅਲਜੀਰੀਆ ਵਿੱਚ ਘਰੇਲੂ ਯੁੱਧ ਦੌਰਾਨ ਲਾਪਤਾ ਹੋ ਗਿਆ ਸੀ।

ਉਸ ਦੇ ਪਰਿਵਾਰ ਨੇ ਕਈ ਸਾਲਾਂ ਤੱਕ ਉਸ ਦੀ ਭਾਲ ਕੀਤੀ। ਪਰ ਜਦੋਂ ਨਾ ਮਿਲਿਆ ਤਾਂ ਉਨ੍ਹਾਂ ਨੇ ਉਸ ਨੂੰ ਮਰਿਆ ਸਮਝ ਲਿਆ। ਅਗਵਾਕਾਰ ਦਾ ਘਰ ਉਮਰ ਦੇ ਘਰ ਤੋਂ ਮਹਿਜ਼ 200 ਮੀਟਰ ਦੀ ਦੂਰੀ 'ਤੇ ਸੀ। ਰਿਪੋਰਟਾਂ ਅਨੁਸਾਰ, ਓਮਰ ਕਦੇ ਵੀ ਉੱਥੋਂ ਭੱਜ ਨਹੀਂ ਸਕਿਆ ਕਿਉਂਕਿ ਅਗਵਾਕਾਰ ਨੇ ਉਸ 'ਤੇ ਕਾਲਾ ਜਾਦੂ ਕੀਤਾ ਸੀ।

ਪੁਲਿਸ ਨੇ ਮੁਲਜ਼ਮ ਅਗਵਾਕਾਰ ਨੂੰ ਹਿਰਾਸਤ ਵਿੱਚ ਲੈ ਲਿਆ ਹੈ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਇੱਕ ਫੇਸਬੁੱਕ ਪੋਸਟ ਵਿੱਚ ਉਮਰ ਦੇ ਭਰਾ ਖਾਲਿਦ ਨੇ ਕਿਹਾ ਹੈ ਕਿ ਉਮਰ ਦੀ ਹਾਲਤ ਠੀਕ ਹੈ। 26 ਸਾਲਾਂ ਤੋਂ ਬੰਧਕ ਬਣਾਏ ਜਾਣ ਕਾਰਨ ਉਹ ਸਦਮੇ ਵਿੱਚ ਹੈ ਅਤੇ ਉਸ ਨੂੰ ਮਨੋਵਿਗਿਆਨਕ ਮਦਦ ਦਿੱਤੀ ਜਾ ਰਹੀ ਹੈ।

# ਜਿਨ੍ਹਾਂ ਦੇਸ਼ਾਂ ਨੂੰ ਚੋਣਾਂ ਦੇ ਨਤੀਜਿਆਂ ਦਾ ਫੈਸਲਾ ਕਰਨ ਲਈ ਅਦਾਲਤ ਵਿੱਚ ਜਾਣਾ ਪੈਂਦਾ ਹੈ, ਅੱਜ ਸਾਨੂੰ ਚੋਣਾਂ ਕਰਵਾਉਣ ਬਾਰੇ ਗਿਆਨ ਦੇ ਰਹੇ : ਐੱਸ. ਜੈਸ਼ੰਕਰ



ਨਵੀਂ ਦਿੱਲੀ, 15 ਮਈ (ਪੋਸਟ ਬਿਊਰੋ): ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੇ ਇੱਕ ਵਾਰ ਫਿਰ ਪੱਛਮੀ ਮੀਡੀਆ ਵੱਲੋਂ ਭਾਰਤੀ ਚੋਣਾਂ ਦੀ ਕਵਰੇਜ ਦੀ ਆਲੋਚਨਾ ਕੀਤੀ ਹੈ। ਜੈਸ਼ੰਕਰ ਨੇ ਕਿਹਾ ਹੈ ਕਿ ਜਿਨ੍ਹਾਂ ਦੇਸ਼ਾਂ ਨੂੰ "ਚੋਣਾਂ ਦੇ ਨਤੀਜਿਆਂ ਦਾ ਫੈਸਲਾ ਕਰਨ ਲਈ ਅਦਾਲਤ ਵਿੱਚ ਜਾਣਾ ਪੈਂਦਾ ਹੈ" ਅੱਜ ਸਾਨੂੰ ਚੋਣਾਂ ਕਰਵਾਉਣ ਬਾਰੇ ਗਿਆਨ ਦੇ ਰਹੇ ਹਨ।

ਵਿਦੇਸ਼ ਮੰਤਰੀ ਮੰਗਲਵਾਰ ਨੂੰ ਕਲਕੱਤਾ 'ਚ ਆਪਣੀ ਕਿਤਾਬ 'ਵਾਇ ਇੰਡੀਆ ਮੈਟਰਸ' ਦੇ ਬੰਗਾਲੀ ਸੰਸਕਰਣ ਦੇ ਲਾਂਚ ਪ੍ਰੋਗਰਾਮ 'ਚ ਸਵਾਲਾਂ ਦੇ ਜਵਾਬ ਦੇ ਰਹੇ ਸਨ। ਇਸ ਦੌਰਾਨ ਉਨ੍ਹਾਂ ਨੇ ਕਈ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਮੁੱਦਿਆਂ 'ਤੇ ਗੱਲਬਾਤ ਕੀਤੀ। ਜੈਸ਼ੰਕਰ ਨੇ ਕਿਹਾ ਕਿ ਪੱਛਮੀ ਦੇਸ਼ ਸੋਚਦੇ ਹਨ ਕਿ ਉਹ ਪਿਛਲੇ 200 ਸਾਲਾਂ ਤੋਂ ਦੁਨੀਆਂ ਨੂੰ ਚਲਾ ਰਹੇ ਹਨ। ਉਹ ਭਾਰਤ ਨਾਲ ਵੀ ਅਜਿਹਾ ਕਰਨਾ ਚਾਹੁੰਦੇ ਹਨ।

ਜੈਸ਼ੰਕਰ ਨੇ ਕਿਹਾ ਕਿ ਪੱਛਮੀ ਮੀਡੀਆ ਸਿਰਫ ਕੁਝ ਖਾਸ ਲੋਕਾਂ ਨੂੰ ਦੇਸ਼ ਦੀ ਸੱਤਾ 'ਤੇ ਕਾਬਜ਼ ਹੁੰਦੇ ਦੇਖਣਾ ਚਾਹੁੰਦਾ ਹੈ ਅਤੇ ਜਦੋਂ ਅਜਿਹਾ ਨਹੀਂ ਹੁੰਦਾ, ਤਾਂ ਉਹ ਇਸ ਨੂੰ ਪਸੰਦ ਨਹੀਂ ਕਰਦੇ। ਉਹ ਆਪਣੀ ਚੋਣ ਕਵਰੇਜ 'ਚ ਕੁਝ ਲੋਕਾਂ ਦਾ ਖੁੱਲ੍ਹ ਕੇ ਸਮਰਥਨ ਕਰਦੇ ਹਨ।

ਪੱਛਮੀ ਮੀਡੀਆ ਪਿਛਲੇ 300 ਸਾਲਾਂ ਤੋਂ ਹਾਵੀ ਹੋਣ ਦੀ ਖੇਡ ਖੇਡ ਰਿਹਾ ਹੈ। ਉਹ ਤਜ਼ਰਬੇਕਾਰ ਅਤੇ ਚਲਾਕ ਲੋਕ ਹਨ। ਉਹ ਭਾਰਤ ਬਾਰੇ ਨਕਾਰਾਤਮਕ ਗੱਲਾਂ ਫੈਲਾਉਣਾ ਸ਼ੁਰੂ ਕਰ ਦਿੰਦੇ ਹਨ ਕਿਉਂਕਿ ਭਾਰਤ ਉਨ੍ਹਾਂ ਦੇ ਵਿਸ਼ਵਾਸਾਂ 'ਤੇ ਚੱਲਣ ਲਈ ਤਿਆਰ ਨਹੀਂ ਹੈ।

# ‘ਸਾਰੇ ਜਹਾਂ ਸੇ ਅੱਛਾ’ ਵ੍ਹਾਈਟ ਹਾਊਸ ’ਚ ਵਜਾਇਆ ਗਿਆ, ਜੋਅ ਬਾਇਡੇਨ ਵੀ ਰਹੇ ਮੌਜੂਦ



ਵਾਸ਼ਿੰਗਟਨ, 15 ਮਈ (ਪੋਸਟ ਬਿਊਰੋ): ਨੇਟਿਵ ਹਵਾਈਅਨ ਅਤੇ ਪੈਸੀਫਿਕ ਆਈਲੈਂਡਰ) ਹੈਰੀਟੇਜ ਮੰਥ ਅਮਰੀਕੀ ਰਾਸ਼ਟਰਪਤੀ ਜੋ ਬਿਡੇਨ ਦੀ ਮੌਜੂਦਗੀ ਵਿੱਚ ਵ੍ਹਾਈਟ ਹਾਊਸ ਵਿੱਚ ਮਨਾਇਆ ਗਿਆ। ਇਹ ਸਮਾਗਮ ਅਮਰੀਕਾ ਵਿੱਚ ਰਹਿ ਰਹੀਆਂ ਘੱਟ ਗਿਣਤੀਆਂ ਦੇ ਸਨਮਾਨ ਵਿੱਚ ਮਨਾਇਆ ਜਾਂਦਾ ਹੈ। ਇਸ ਪ੍ਰੋਗਰਾਮ 'ਚ 'ਸਾਰੇ ਜਹਾਂ ਸੇ ਅੱਛਾ' ਗੀਤ ਸੁਣਾਇਆ ਗਿਆ। ਪ੍ਰੋਗਰਾਮ ਵਿੱਚ ਲੋਕਾਂ ਨੂੰ ਪਾਣੀ ਪੁਰੀ ਵੀ ਵਰਤਾਈ ਗਈ। ਅਜੈ ਜੈਨ ਭੂਟੋਰੀਆ ਨੇ ਇਸ ਵੀਡੀਓ ਨੂੰ ਟਵਿਟਰ 'ਤੇ ਸ਼ੇਅਰ ਕੀਤਾ ਹੈ। ਉਹ ਭਾਰਤੀ ਅਮਰੀਕੀ ਭਾਈਚਾਰੇ ਦੇ ਆਗੂ ਹਨ। ਇਸ ਪ੍ਰੋਗਰਾਮ ਵਿੱਚ ਉਪਰਾਸ਼ਟਰਪਤੀ ਕਮਲਾ ਹੈਰਿਸ ਵੀ ਮੌਜੂਦ ਸਨ।

# 15,000 ਰੁਪਏ ਰਿਸ਼ਵਤ ਲੈਂਦਾ ਪਟਵਾਰੀ ਵਿਜੀਲੈਂਸ ਬਿਊਰੋ ਵੱਲੋਂ ਕਾਬੂ

### ਮੁਲਜ਼ਮ ਜ਼ਮੀਨ ਦੇ ਇੰਤਕਾਲ ਲਈ ਪਰਿਵਾਰ ਤੋਂ ਪਹਿਲਾਂ ਲੈ ਚੁੱਕਾ ਹੈ 15,000 ਰੁਪਏ



ਚੰਡੀਗੜ੍ਹ, 15 ਮਈ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਬੁੱਧਵਾਰ ਨੂੰ ਹੁਸ਼ਿਆਰਪੁਰ ਜ਼ਿਲ੍ਹੇ ਦੇ ਮਾਲ ਹਲਕਾ ਪੰਡੋਰੀ ਸਰਕਲ ਵਿੱਚ ਬਤੌਰ ਪਟਵਾਰੀ ਤਾਇਨਾਤ ਰਮੇਸ਼ ਕੁਮਾਰ ਨੂੰ 15,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਮਾਲ ਅਧਿਕਾਰੀ ਨੂੰ ਹੁਸ਼ਿਆਰਪੁਰ ਦੇ ਪਿੰਡ ਤਨੂਲੀ ਦੀ ਵਸਨੀਕ ਜਸਵਿੰਦਰ ਕੌਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫਤਾਰ ਕੀਤਾ ਗਿਆ ਹੈ।

ਉਸਨੇ ਅੱਗੇ ਦੱਸਿਆ ਕਿ ਉਕਤ ਸ਼ਿਕਾਇਤਕਰਤਾ ਨੇ ਆਪਣੇ ਪਤੀ ਸਮੇਤ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਕਿ ਉਕਤ ਪਟਵਾਰੀ ਉਸਦੀ ਨਨਾਣ ਨੂੰ ਜ਼ਿੰਦਾ ਹੋਣ ਸਬੰਧੀ ਸਰਟੀਫਿਕੇਟ ਜਾਰੀ ਕਰਨ ਬਦਲੇ 15,000 ਰੁਪਏ ਦੀ ਮੰਗ ਕਰ ਰਿਹਾ ਹੈ ਅਤੇ ਇਹ ਪੈਸੇ ਦੇਣ ਲਈ ਉਸਦੇ ਮੋਬਾਈਲ ਫੋਨ ’ਤੇ ਸੁਨੇਹਾ ਭੇਜਿਆ ਹੈ ਕਿ ਜੇਕਰ ਜਲਦ ਪੈਸੇ ਨਾ ਦਿੱਤੇ ਤਾਂ ਕੁਝ ਦਿਨਾਂ ਬਾਅਦ ਰਿਸ਼ਵਤ ਦੀ ਰਕਮ ਵਧ ਕੇ 20,000 ਰੁਪਏ ਹੋ ਜਾਵੇਗੀ। ਉਸਨੇ ਅੱਗੇ ਦੱਸਿਆ ਕਿ ਉਕਤ ਪਟਵਾਰੀ ਨੇ ਉਸਦੀ ਫੋਨ ਕਾਲ ਦੌਰਾਨ 15,000 ਰੁਪਏ ਦੀ ਰਿਸ਼ਵਤ ਲੈਣ ਲਈ ਜ਼ੋਰ ਪਾਇਆ ਹੈ।

ਸ਼ਿਕਾਇਤਕਰਤਾ ਨੇ ਅੱਗੇ ਇਹ ਵੀ ਦੱਸਿਆ ਕਿ ਉਕਤ ਪਟਵਾਰੀ ਨੇ ਪਹਿਲਾਂ ਉਨਾਂ ਦੀ ਜ਼ਮੀਨ ਦਾ ਇੰਤਕਾਲ ਮਾਲ ਰਿਕਾਰਡ ਵਿੱਚ ਦਰਜ ਕਰਨ ਬਦਲੇ ਉਸਦੇ ਪਤੀ ਤੋਂ 25,000 ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ ਸੀ ਅਤੇ ਇਸ ਕੰਮ ਨੂੰ ਪੂਰਾ ਕਰਨ ਬਦਲੇ 15,000 ਰੁਪਏ ਦੀ ਰਿਸ਼ਵਤ ਲਈ ਸੀ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਪੜਤਾਲ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਉਕਤ ਮੁਲਜ਼ਮ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿੱਚ ਸ਼ਿਕਾਇਤਕਰਤਾ ਪਾਸੋਂ 15,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਅਤੇ ਉਸ ਕੋਲੋਂ ਰਿਸ਼ਵਤ ਦੀ ਰਕਮ ਵੀ ਮੌਕੇ ਉੱਤੇ ਹੀ ਬ੍ਰਾਮਦ ਕਰ ਲਈ।

ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਉਕਤ ਮੁਲਜ਼ਮ ਖ਼ਲਾਫ਼ ਵਿਜੀਲੈਂਸ ਬਿਓਰੋ ਦੇ ਥਾਣਾ ਜਲੰਧਰ ਰੇਂਜ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕਰ ਲਿਆ ਹੈ। ਉਨ੍ਹਾਂ ਕਿਹਾ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ

Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

# ਯੂਕਰੇਨ ਵਿਚ ਅਮਰੀਕੀ ਵਿਦੇਸ਼ ਮੰਤਰੀ ਨੇ 'ਰਾਕ ਏਂਥਮ 'ਰੌਕਿਨ ਇਨ ਦ ਫ੍ਰੀ ਵਰਲਡ' ਗਾਇਆ



ਕੀਵ, 15 ਮਈ (ਪੋਸਟ ਬਿਊਰੋ): ਅਮਰੀਕੀ ਵਿਦੇਸ਼ ਮੰਤਰੀ ਐਂਟਨੀ ਬਲਿੰਕਨ ਨੇ ਯੂਕਰੇਨ ਦਾ ਦੌਰਾ ਕੀਤਾ। ਬਲਿੰਕਨ ਮੰਗਲਵਾਰ ਸਵੇਰੇ ਟ੍ਰੇਨ ਰਾਹੀਂ ਕੀਵ ਪਹੁੰਚੇ। ਕੀਵ ਵਿੱਚ ਇੱਕ ਬਾਰ ਵਿੱਚ, ਬਲਿੰਕਨ ਨੇ ਗਿਟਾਰ ਵਜਾਇਆ ਅਤੇ ਰੂਸ-ਯੂਕਰੇਨ ਯੁੱਧ ਬਾਰੇ ਸੰਦੇਸ਼ ਦੇਣ ਲਈ ਇੱਕ ਗੀਤ ਗਾਇਆ। ਉਨ੍ਹਾਂ ਨੇ ਕਿਹਾ ਕਿ ਜ਼ਿਆਦਾਤਰ ਦੁਨੀਆਂ ਆਜ਼ਾਦ ਦੁਨੀਆਂ ਲਈ ਲੜ ਰਹੀ ਹੈ, ਐਂਟੋਨੀ ਬਰਮਨ ਨੇ 19.99 ਦੇ ਬੈਂਡ ਨਾਲ ਡਿਕਟੇਟ ਸਟੇਜ 'ਤੇ ਸ਼ਾਮਿਲ ਹੋ ਕੇ ਨੀਲ ਯੰਗ ਦਾ ਰਾਕ ਗੀਤ 'ਰੌਕਿਨ ਇਨ ਦ ਫ੍ਰੀ ਵਰਲਡ' ਗਾਇਆ। ਇਹ ਗੀਤ ਸਭ ਤੋਂ ਪਹਿਲਾਂ ਸੋਵੀਅਤ ਯੂਨੀਅਨ ਦੇ ਖਿਲਾਫ ਦੇਸ਼ ਵਿਆਪੀ ਵਿਰੋਧ ਪ੍ਰਦਰਸ਼ਨ ਵਿੱਚ ਚਲਾਇਆ ਗਿਆ ਸੀ। ਬਲਿੰਕਨ ਫੌਜੀ ਸਹਾਇਤਾ ਪ੍ਰਦਾਨ ਕਰਨ ਤੋਂ ਬਾਅਦ ਯੂਕਰੇਨ ਦਾ ਦੌਰਾ ਕਰਨ ਵਾਲੇ ਪਹਿਲੇ ਅਧਿਕਾਰੀ ਹਨ।

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

ਬਰਾੜ ਗਰਾਜ ਡੋਰ

ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS

We Install
Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ

Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC

Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ShergGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636

2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜ਼ਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂੰਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

# ਧਾਰਮਿਕ ਚਿੰਨ੍ਹ, ਤਸਵੀਰ ਦਾ ਸਹਾਰਾ ਲੈ ਕੇ ਵੋਟਾਂ ਮੰਗਣ ਤੇ ਹੋਵੇਗੀ ਸਖਤ ਕਾਰਵਾਈ : ਰਿਟਰਨਿੰਗ ਅਫ਼ਸਰ

## ਛਾਪੀ ਗਈ ਸਮੱਗਰੀ ਦੀ ਨਿਰੋਲ ਜ਼ਿੰਮੇਵਾਰੀ ਛਾਪਕ ਦੀ ਹੋਵੇਗੀ

ਫ਼ਰੀਦਕੋਟ 15 ਮਈ (ਗਿਆਨ ਸਿੰਘ): ਲੋਕ ਸਭਾ ਚੋਣਾਂ 2024 ਵਿੱਚ ਬਤੌਰ ਉਮੀਦਵਾਰ ਵਜੋਂ ਚੋਣਾਂ ਲੜ ਰਹੇ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਅਤੇ ਰਾਜਨੀਤਿਕ ਪਾਰਟੀਆਂ ਨੂੰ ਰਿਟਰਨਿੰਗ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ ਅੱਜ ਮੁੜ ਤੋਂ ਹਦਾਇਤ ਕੀਤੀ ਕਿ ਧਾਰਮਿਕ ਚਿੰਨ੍ਹ ਜਾਂ ਤਸਵੀਰ ਦਾ ਸਹਾਰਾ ਲੈ ਕੇ ਵੋਟਾਂ ਮੰਗਣ ਤੇ ਸਖਤ ਕਾਰਵਾਈ ਕੀਤੀ ਜਾਵੇਗੀ।

ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ ਆਦਰਸ਼ ਚੋਣ ਜ਼ਾਬਤੇ ਦੇ ਤਹਿਤ ਹਰ ਪ੍ਰਕਾਰ ਦੇ ਸੋਸ਼ਲ ਮੀਡੀਆ ਤੇ ਪਾਉਣ ਵਾਲੇ ਇਸ਼ਤਿਹਾਰ, ਬਲਕ ਐਸ.ਐਮ.ਐਸ/ ਵੋਇਸ ਮੈਸੇਜ/ਇੰਟਰਨੈਟ/ਵੈਬਸਾਈਟ/ਈ-ਪੇਪਰ/ਪ੍ਰਾਈਵੇਟ ਰੇਡੀਓ ਐਫ਼.ਐਮ ਚੈਨਲ ਜਨਤਕ ਥਾਵਾਂ ਤੇ ਆਡੀਓ/ਵਿਜੀਊਲ ਡਿਸਪਲੇਅ ਦੀ ਐਮ.ਸੀ.ਐਮ.ਸੀ (ਮੀਡੀਆ ਸਰਟੀਫਿਕੇਸ਼ਨ ਐਂਡ ਮੋਨੀਟਰਿੰਗ ਕਮੇਟੀ) ਤੋਂ ਕੰਟੈਂਟ ਦੀ ਪੂਰਵ ਪ੍ਰਵਾਨਗੀ ਲੈਣੀ ਜ਼ਰੂਰੀ ਹੈ। ਉਮੀਦਵਾਰਾਂ ਵਲੋਂ ਸੋਸ਼ਲ ਮੀਡੀਆ ਤੇ ਪਾਏ ਜਾਣ ਵਾਲੇ ਇਸ਼ਤਿਹਾਰ ਦਾ ਖ਼ਰਚਾ ਵੀ ਦੱਸਣਾ ਲਾਜ਼ਮੀ ਹੋਵੇਗਾ।

ਉਨ੍ਹਾਂ ਦੱਸਿਆ ਕਿ ਹਰ ਕਿਸਮ ਦੇ ਪੋਸਟਰ, ਬੈਨਰ,ਪੈਫਲਿਟ ਦੇ ਕੰਟੈਂਟ ਦੀ ਨਿਰੋਲ ਜ਼ਿੰਮੇਵਾਰੀ ਛਾਪਕ (ਛਾਪਕ ਜਾਂ ਪ੍ਰਕਾਸ਼ਕ) ਦੀ ਹੋਵੇਗੀ ਅਤੇ ਇਸ ਦਾ ਖ਼ਰਚਾ ਬੁੱਕ ਕਰਵਾਉਣਾ ਲਾਜ਼ਮੀ ਹੋਵੇਗਾ। ਪੋਸਟਰ, ਪੈਂਫਲਿਟ,ਬੈਨਰ, ਲੀਫਲੈਟ ਦੀ ਪੂਰਵ ਪ੍ਰਵਾਨਗੀ ਨਿਯਮਾਂ ਮੁਤਾਬਿਕ ਲੋੜੀਂਦੀ ਨਹੀਂ ਹੈ।

ਪ੍ਰਿੰਟ ਮੀਡੀਆ ਦੇ ਮਾਮਲੇ ਵਿੱਚ ਉਨ੍ਹਾਂ ਦੱਸਿਆ ਕਿ ਅਖ਼ਬਾਰਾਂ ਵਿੱਚ ਇਸ਼ਤਿਹਾਰ ਛਪਵਾਉਣ ਦੀ ਪੂਰਵ



ਪ੍ਰਵਾਨਗੀ ਚੋਣਾਂ ਵਾਲੇ ਦਿਨ (1 ਜੂਨ) ਅਤੇ ਇੱਕ ਦਿਨ ਪਹਿਲਾਂ ਪ੍ਰਵਾਨਗੀ ਲੈਣਾ ਜ਼ਰੂਰੀ ਹੋਵੇਗਾ। ਉਨ੍ਹਾਂ ਕਿਹਾ ਕਿ ਰਜਿਸਟਰਡ ਰਾਸ਼ਟਰੀ ਅਤੇ ਖੇਤਰੀ ਪਾਰਟੀਆਂ ਦੇ ਮਾਮਲੇ ਵਿੱਚ ਇਹ ਮਨਜ਼ੂਰੀ ਤਿੰਨ ਦਿਨ ਪਹਿਲਾਂ ਅਤੇ ਗੈਰ ਰਜਿਸਟਰਡ ਪਾਰਟੀਆਂ ਸੱਤ ਦਿਨ ਪਹਿਲਾਂ ਕਮਰਾ ਨੰ- 355 ਐਮ.ਸੀ.ਐਮ.ਸੀ ਸੈਲ ਵਿਖੇ ਮਨਜ਼ੂਰੀ ਲਈ ਅਰਜ਼ੀ ਦੇਣਗੀਆਂ।

ਵੀਡੀਓ ਦੇ ਮਾਮਲੇ ਵਿੱਚ ਵੀਡੀਓ ਤੋਂ ਇਲਾਵਾ ਲਿਖਤੀ ਤਸਦੀਕ ਸੁਦਾ ਸਕ੍ਰਿਪਟ ਵੀ ਦੇਣੀ ਲਾਜ਼ਮੀ ਹੋਵੇਗੀ। ਇਸ ਦੇ ਨਾਲ ਹੀ ਵੀਡੀਓ ਬਣਾਉਣ ਤੇ ਕੀਤੇ ਗਏ ਖਰਚੇ ਦਾ ਵੇਰਵਾ ਵੀ ਦੱਸਣਾ ਹੋਵੇਗਾ। ਇਸ ਦੇ ਨਾਲ ਹੀ ਉਹਨਾਂ ਝੂਠੀਆਂ ਖਬਰਾਂ, ਪੇਡ ਨਿਊਜ਼ ਤੇ ਵੀ ਲਗਾਤਾਰ ਨਜ਼ਰਸਾਨੀ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਮੀਡੀਆ ਨੂੰ ਵੀ ਆਦਰਸ਼ ਚੋਣ ਜ਼ਾਬਤੇ ਦੀ ਪਾਲਣਾ ਕਰਨ, ਖਬਰਾਂ ਲਿਖਦੇ ਸਮੇਂ, ਖਾਸ ਕਰਕੇ ਖਬਰ ਦੀ ਸੁਰਖੀ ਅਤੇ ਸਿਰਲੇਖ ਬਣਾਉਂਦੇ ਹੋਏ ਖਾਸ ਖਿਆਲ ਰੱਖਿਆ ਜਾਵੇ।

ਉਨ੍ਹਾਂ ਕਿਹਾ ਕਿ ਕੋਈ ਵੀ ਰਾਜਨੀਤਿਕ ਸਮੱਗਰੀ, ਸੰਦੇਸ਼/ਕਮੈਂਟ/ਫੋਟੋ/ਪੋਸਟ ਕੀਤਾ ਬਲੋਗ/ਸੈਲਫ ਅਕਾਊਂਟ ਤੇ ਅਪਲੋਡ ਕੀਤਾ ਗਿਆ, ਇਸ ਨੂੰ ਰਾਜਨੀਤਿਕ ਇਸ਼ਤਿਹਾਰ ਵਜੋਂ ਨਹੀਂ ਦੇਖਿਆ ਜਾਵੇਗਾ ਅਤੇ ਇਸ ਦੀ ਪ੍ਰੀ ਸਰਟੀਫਿਕੇਸ਼ਨ ਦੀ ਲੋੜ ਨਹੀਂ ਹੋਵੇਗੀ।

TechSpirit
Consultation, Installation & Servicing
Specialized in:
• Analog & IP security cameras • Installation & Maintenance, Upgrade • Video Doorbell Installation
Call: 905-621-4100
7-8770 The Gore Road, Brampton, ON L6P 0B1
1080p HD ਦੇ 4 ਸਿਕਉਰਟੀ ਕੈਮਰੇ ਸਿਰਫ $999 ਵਿੱਚ ਲਗਵਾਓ

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.

7Feb

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior • Interior • Spray Painting • Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੰਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਫ਼ਲਾਵਰ ਸਿਟੀ ਫ਼ਰੈਂਡਜ਼ ਕਲੱਬ ਨੇ 'ਮਦਰਜ਼ ਡੇ' ਮੌਕੇ ਮੈਂਟਲ ਹੈੱਲਥ 'ਤੇ ਸੈਮੀਨਾਰ ਕਰਵਾਇਆ










ਬਰੈਂਪਟਨ, ( ਡਾ. ਝੰਡ) - ਲੰਘੇ ਸ਼ਨੀਵਾਰ 11 ਮਈ ਨੂੰ ਫ਼ਲਾਵਰ ਸਿਟੀ ਫ਼ਰੈਂਡਜ਼ ਕਲੱਬ ਦੇਮੈਂਬਰਾਂ ਵੱਲੋਂ ਮਿਲ ਕੇ ਸੈਂਚਰੀ ਗਾਰਡਜ਼ ਰੀਕਰੀਏਸ਼ਨ ਸੈਂਟਰ ਵਿਖੇ 'ਮਦਰਜ਼ ਡੇਅ ਮਨਾਇਆ ਗਿਆ। ਪ੍ਰਬੰਧਕਾਂ ਵੱਲੋਂ ਇਸ ਮੌਕੇ ਸੀਨੀਅਰਜ਼ ਲਈ ਮੈਂਟਲ ਹੈੱਲਥ ਸਬੰਧੀ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਸੈਮੀਨਾਰ ਦੇ ਮੁੱਖ-ਬੁਲਾਰੇ ਭਾਈ ਗੁਲਜ਼ਾਰ ਸਿੰਘ ਸਨ ਜੋ ਮੈਂਟਲ ਹੈੱਲਥ ਨਾਲ ਸਬੰਧਿਤ ਮਸਲਿਆਂ 'ਤੇ ਚੰਗੀ ਮੁਹਾਰਤ ਰੱਖਦੇ ਹਨ ਹਨ ਅਤੇ ਇਸ ਸਬੰਧੀਲੋੜੀਂਦੀ ਕੌਂਸਲਿੰਗ ਵੀ ਕਰਦੇ ਹਨ। ਉਨ੍ਹਾਂ ਸੀਨੀਅਰਜ਼ ਨੂੰ ਦਰਪੇਸ਼ ਦਿਮਾਗ਼ੀ ਪ੍ਰੇਸ਼ਾਨੀਆਂ, ਬੁਢਾਪੇ ਵਿੱਚ ਆਉਣਵਾਲੀ ਇਸ ਬੀਮਾਰੀ ਦੇ ਮੁੱਢਲੇ ਲੱਛਣਾਂਅਤੇ ਇਨ੍ਹਾਂ ਦੇ ਸਰੀਰ ਤੇ ਮਨ 'ਤੇ ਹੋਣ ਵਾਲੇ ਅਸਰ ਬਾਰੇ ਬਹੁਤ ਵਧੀਆ ਤਰੀਕੇ ਨਾਲ ਆਪਣੇ ਵਿਚਾਰ ਪੇਸ਼ ਕੀਤੇ। ਇਸ ਦੌਰਾਨ ਸੈਮੀਨਾਰ ਵਿੱਚ ਕਲੱਬ ਦੇ 100 ਤੋਂ ਵਧੇਰੇ ਮੈਂਬਰ ਸ਼ਾਮਲ ਸਨ।

ਬਰੈਂਪਟਨ ਵੈੱਸਟ ਦੇ ਮੈਂਬਰ ਪਾਰਲੀਮੈਂਟ ਕਮਲ ਖਹਿਰਾ ਜੋ ਇਸ ਸਮਾਗਮ ਦੇ ਮੁੱਖ-ਮਹਿਮਾਨ ਸਨ, ਨੇ ਆਪਣੇ ਸੰਬੋਧਨ ਵਿੱਚ ਮਦਰਜ਼' ਡੇਅ ਅਤੇ ਸੈਮੀਨਾਰ ਦੇ ਵਿਸ਼ੇ ਨੂੰ ਕੈਨੇਡਾ ਦੇ 'ਮੈਂਟਲ ਹੈੱਲਥ ਵੀਕ' ਨਾਲ ਜੋੜ ਕੇ ਗੱਲ ਕਰਦਿਆਂ ਕਿਹਾ, "ਅੱਜ ਜਦੋਂ ਅਸੀਂ ਦੁਨੀਆਂ-ਭਰ ਵਿੱਚ ਮਾਂ-ਦਿਵਸ ਮਨਾਉਂਦੇ ਹਾਂ ਤਾਂ ਸਾਨੂੰ ਮੈਂਟਲ ਹੈੱਲਥ ਦੀ ਮਹਾਨਤਾ ਬਾਰੇ ਵੀ ਸੋਚਣਾ ਬਣਦਾ ਹੈ। ਖ਼ਾਸ ਤੌਰ 'ਤੇ ਸਾਨੂੰ ਆਪਣੇ ਸੀਨੀਅਰਾਂ ਦੀ ਦਿਮਾਗ਼ੀ ਹਾਲਤਬਾਰੇ ਚਿੰਤਾ ਹੋਣੀ ਚਾਹੀਦੀ ਹੈਅਤੇ ਬੀਮਾਰੀ ਦੇ ਮੁੱਢਲੇ ਦੌਰ ਵਿੱਚ ਆ ਰਹੇ ਲੱਛਣਾਂ ਨੂੰ ਪਛਾਣ ਕੇ ਉਸ ਦਾ ਇਲਾਜ ਕਰਵਾਉਣਾ ਚਾਹੀਦਾ ਹੈ।"

ਬਰੈਂਪਟਨ ਸੈਂਟਰ ਦੇ ਮੈਂਬਰ ਪਾਰਲੀਮੈਂਟ ਜਨਾਬ ਸ਼ਫ਼ਤ ਅਲੀ ਨੇ ਆਪਣੀ ਮਾਂਦੇ ਨਾਲ ਗੁਜ਼ਰੀਆਂ ਯਾਦਾਂ ਹਾਜ਼ਰੀਨ ਨਾਲ ਸਾਂਝੀਆਂ ਕਰਦਿਆਂ ਹੋਇਆਂ ਦੱਸਿਆ ਕਿ ਉਨ੍ਹਾਂ ਦੇ ਜੀਵਨ ਉੱਪਰ ਇਨ੍ਹਾਂ ਦਾ ਬਹੁਤ ਅਸਰ ਹੈ। ਉਨ੍ਹਾਂ ਕਿਹਾ, "ਮੇਰੀ ਮਾਂ ਦੀ ਸਿਆਣਪ ਤੇ ਪਿਆਰ ਮੇਰੇ ਜੀਵਨ ਦੇ 'ਰਾਹ-ਦਿਸੇਰੇ' ਹਨ। ਅੱਜ ਅਸੀਂ ਜਦੋਂ ਮਾਂ-ਦਿਵਸ ਮਨਾਉਂਦੇ ਹਾਂ ਤਾਂ ਆਪਣੀਆਂ ਮਾਵਾਂ ਵੱਲੋਂ ਬਿਨਾਂ ਕਿਸੇ ਲੋਭ, ਲਾਲਚ ਜਾਂ ਸ਼ਰਤ ਦੇ ਦਿੱਤੀਆਂ ਗਈਆਂ ਕੁਰਬਾਨੀਆਂ ਨੂੰ ਯਾਦ ਕਰਦੇ ਹਾਂ।"

ਮੇਅਰ ਪੈਟਰਿਕ ਬਰਾਊਨ ਅਤੇ ਰੀਜਨਲ ਕੌਂਸਲਰ ਰਵੇਨਾ ਸੈਂਟੋਸ ਨੇ ਆਪਣੇ ਸੰਬੋਧਨਾਂ ਵਿੱਚ ਸਿਹਤ ਅਤੇ ਖ਼ੁਸ਼ਹਾਲੀ ਦੀ ਮਹਾਨਤਾ ਬਾਰੇ ਗੱਲ ਕਰਦਿਆਂ ਕਿਹਾ, "ਅੱਜ ਦਾ ਇਹ ਸਮਾਗ਼ਮ ਸਾਡੀ ਕਮਿਊਨਿਟੀ ਦੀ ਮਾਂ-ਦਿਵਸ ਅਤੇ ਸਿਹਤ ਦੇ ਵੱਖ-ਵੱਖ ਪਹਿਲੂਆਂ ਪ੍ਰਤੀ ਵਚਨਬੱਧਤਾ ਨੂੰ ਪ੍ਰਗਟ ਕਰਦੇ ਹਨ ਜੋ ਸਾਡੇ ਸੀਨੀਅਰਾਂ ਦੇ ਜੀਵਨ ਨੂੰ ਬਾਖ਼ੂਬੀ ਦਰਸਾਉਂਦੇ ਹਨ।"

ਚੱਲ ਰਹੇ ਇਸ ਸਮਾਗ਼ਮ ਵਿੱਚ ਮੈਂਬਰਾਂ ਵੱਲੋਂ ਭਾਸ਼ਨਾਂ, ਗੀਤਾਂ ਤੇ ਕਵਿਤਾਵਾਂ ਰਾਹੀਂ ਅਜੋਕੇ ਸਮੇਂ ਵਿੱਚ 'ਮਦਰਜ਼ ਡੇਅ' ਦੀ ਮਹਾਨ-ਤਾ ਬਾਰੇ ਆਪਣੇ ਵਿਚਾਰਾਂ ਦਾ ਖ਼ੂਬਸੂਰਤ ਪ੍ਰਗਟਾਵਾ ਕੀਤਾ ਗਿਆ। ਆਪਣੇ ਸੱਭਿਆਚਾਰਕ ਪਿਛੋਕੜ ਖ਼ੂਬਸੂਰਤ ਮੁਜ਼ਾਹਰਾ ਕਰਦਿਆਂ ਹੋਇਆਂ ਕਈ ਮੈਂਬਰਾਂ ਵੱਲੋਂ ਗਿੱਧਾ ਪਾ ਕੇ ਅਤੇ ਡਾਂਸ ਕਰਕੇ ਖੁਸ਼ੀ ਵਾਲਾ ਮਾਹੌਲ ਸਿਰਜਿਆ ਗਿਆ। ਇਸ ਮੌਕੇ ਖਾਣ-ਪੀਣ ਦੀਆਂ ਵੰਨਗੀਆਂ ਬੇਸ਼ੁਮਾਰ ਸਨ ਜਿਨ੍ਹਾਂ ਦਾ ਸਾਰਿਆਂ ਨੇ ਮਿਲ ਕੇ ਖ਼ੂਬ ਅਨੰਦ ਮਾਣਿਆ।

ਸਮਾਗ਼ਮ ਦੇ ਅਖੀਰ ਵਿੱਚ ਵੱਲ ਵੱਧਦਿਆਂ ਕਲੱਬ ਦੇ ਚੇਅਰਪਰਸਨ ਗਿਆਨ ਪਾਲ ਨੇ ਸਮੂਹ ਬੁਲਾਰਿਆਂ ਅਤੇ ਕਲੱਬ ਦੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਲੱਬ ਦੇ ਅਗਲੇ ਪ੍ਰੋਗਰਾਮਾਂ ਦੀ ਰੂਪ-ਰੇਖ਼ਾ ਬਾਰੇ ਦੱਸਿਆ। ਉਨ੍ਹਾਂ ਕਿਹਾ ਕਿ ਅਸੀ ਸਿਹਤ ਸਬੰਧੀ ਮਸਲਿਆਂ ਬਾਰੇ ਵਿਚਾਰ-ਵਟਾਂਦਰਾ ਕਰਨ ਲਈ ਵਚਨਬੱਧ ਹਾਂ ਅਤੇ ਨੇੜ ਭਵਿੱਖ ਵਿੱਚ ਹੋਰ ਵੀ ਅਜਿਹੇ ਸੈਮੀਨਾਰ ਕਰਵਾਏ ਜਾਣਗੇ। ਉਨ੍ਹਾਂ ਇਸ ਸਫ਼ਲ ਸਮਾਗ਼ਮ ਦੀ ਸਾਰਿਆਂ ਨੂੰ ਮੁਬਾਰਕਬਾਦ ਦਿੱਤੀ।







# ਮੁੱਖ ਮੰਤਰੀ ਭਗਵੰਤ ਮਾਨ ਨੇ ਜੀਰਾ ਅਤੇ ਭਿੱਖੀਵਿੰਡ ਵਿੱਚ ਲਾਲਜੀਤ ਭੁੱਲਰ ਲਈ ਕੀਤਾ ਚੋਣ ਪ੍ਰਚਾਰ

**ਕਿਹਾ- ਜੇਕਰ ਇਸ ਵਾਰ ਭਾਜਪਾ ਜਿੱਤਦੀ ਹੈ ਤਾਂ ਸੰਵਿਧਾਨ ਬਦਲ ਕੇ ਦੇਸ਼ 'ਚ ਚੋਣ ਪ੍ਰਣਾਲੀ ਨੂੰ ਖ਼ਤਮ ਕਰ ਦੇਵੇਗੀ, ਮੋਦੀ ਭਾਰਤ 'ਚ ਰੂਸ ਦਾ ਕਾਨੂੰਨ ਲਾਗੂ ਕਰਨਾ ਚਾਹੁੰਦੇ ਹਨ**



ਚੰਡੀਗੜ੍ਹ, 15 ਮਈ (ਗਿਆਨ ਸਿੰਘ): ਮੁੱਖ ਮੰਤਰੀ ਭਗਵੰਤ ਮਾਨ ਨੇ ਬੁੱਧਵਾਰ ਨੂੰ ਆਮ ਆਦਮੀ ਪਾਰਟੀ ਦੇ ਖਡੂਰ ਸਾਹਿਬ ਲੋਕ ਸਭਾ ਹਲਕੇ ਤੋਂ ਉਮੀਦਵਾਰ ਲਾਲਜੀਤ ਸਿੰਘ ਭੁੱਲਰ ਲਈ ਚੋਣ ਪ੍ਰਚਾਰ ਕੀਤਾ। ਮਾਨ ਨੇ ਜੀਰਾ ਅਤੇ ਭਿੱਖੀਵਿੰਡ ਵਿੱਚ ਲਾਲਜੀਤ ਭੁੱਲਰ ਨਾਲ ਰੋਡ ਸ਼ੋਅ ਕੀਤਾ ਅਤੇ ਲੋਕਾਂ ਨੂੰ ਭੁੱਲਰ ਨੂੰ ਜਿਤਾਉਣ ਦੀ ਅਪੀਲ ਕੀਤੀ।

ਰੋਡ ਸ਼ੋਅ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ 'ਆਪ' ਵਰਕਰ, ਆਗੂ ਅਤੇ ਸਥਾਨਕ ਲੋਕ ਹਾਜ਼ਰ ਸਨ। ਲੋਕਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਦਾ ਫੁੱਲਾਂ ਦੀ ਵਰਖਾ ਕਰਕੇ ਅਤੇ ਇਨਕਲਾਬ ਜ਼ਿੰਦਾਬਾਦ ਦੇ ਨਾਅਰਿਆਂ ਨਾਲ ਸਵਾਗਤ ਕੀਤਾ। ਜ਼ੀਰਾ ਵਿੱਚ ਰੋਡ ਸ਼ੋਅ ਦੌਰਾਨ ਮਾਨ ਨੇ ਲੋਕਾਂ ਨੂੰ ਕਿਹਾ ਕਿ ਮੈਂ ਤੁਹਾਡੇ ਤੋਂ ਵੋਟਾਂ ਮੰਗਣ ਨਹੀਂ ਆਇਆ। ਮੈਂ ਪੰਜਾਬ ਨੂੰ ਮੁੜ ਰੰਗਲਾ ਬਣਾਉਣ ਲਈ ਤੁਹਾਡਾ ਸਹਿਯੋਗ ਲੈਣ ਆਇਆ ਹਾਂ। ਭਿੱਖੀਵਿੰਡ ਵਿੱਚ ਉਨ੍ਹਾਂ ਨੇ ਲੋਕਾਂ ਨੂੰ ਕਿਹਾ ਕਿ ਮਾਝੇ ਦੇ ਲੋਕ ਇਤਿਹਾਸ ਲਿਖਣ ਲਈ ਜਾਣੇ ਜਾਂਦੇ ਹਨ ਅਤੇ ਲੋਕਾਂ ਦੀ ਇਸ ਭੀੜ ਨੂੰ ਦੇਖ ਕੇ ਮੈਨੂੰ ਸਾਫ਼ ਹੋ ਗਿਆ ਹੈ ਕਿ ਇਸ ਵਾਰ ਵੀ ਮਾਝੇ ਵਿੱਚ ਨਵਾਂ ਇਤਿਹਾਸ ਲਿਖਿਆ ਜਾਵੇਗਾ।

ਭਾਸ਼ਣ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਨੇ ਭਾਰਤੀ ਜਨਤਾ ਪਾਰਟੀ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਭਾਜਪਾ ਵੀ ਪੰਜਾਬ ਨੂੰ ਵੰਡਣ ਦੀ ਕੋਸ਼ਿਸ਼ ਕਰ ਰਹੀ ਹੈ, ਪਰ ਪੰਜਾਬ 'ਚ ਕਦੇ ਵੀ ਨਫ਼ਰਤ ਦਾ ਬੀਜ ਨਹੀਂ ਉੱਗ ਸਕਦਾ . ਪੰਜਾਬ ਹਮੇਸ਼ਾ ਹੀ ਭਾਈਚਾਰਕ ਸਾਂਝ ਲਈ ਜਾਣਿਆ ਜਾਂਦਾ ਰਿਹਾ ਹੈ। ਪੰਜਾਬ ਦੇ ਲੋਕ ਨਫਰਤ ਦੀ ਰਾਜਨੀਤੀ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ। ਇੱਥੋਂ ਦੇ ਲੋਕ ਗੁਰਪੁਰਬ, ਈਦ, ਹੋਲੀ, ਦੀਵਾਲੀ ਅਤੇ ਰਾਮਨੌਮੀ ਇਕੱਠੇ ਹੋ ਕੇ ਮਨਾਉਂਦੇ ਹਨ। ਭਾਜਪਾ ਦੀ ਨਫਰਤ ਦੀ ਰਾਜਨੀਤੀ ਇੱਥੇ ਕਦੇ ਵੀ ਕਾਮਯਾਬ ਨਹੀਂ ਹੋ ਸਕਦੀ।

ਉਨ੍ਹਾਂ ਕਿਹਾ ਕਿ ਭਾਜਪਾ ਪੰਜਾਬ ਨਾਲ ਵਿਤਕਰਾ ਕਰਦੀ ਹੈ। ਕੇਂਦਰ ਦੀ ਭਾਜਪਾ ਸਰਕਾਰ ਨੇ 26 ਜਨਵਰੀ ਦੀ ਪਰੇਡ ਵਿੱਚੋਂ ਪੰਜਾਬ ਦੀ ਝਾਕੀਂ ਨੂੰ ਬਾਹਰ ਰੱਖਿਆ ਸੀ। ਉਸ ਝਾਕੀਂ ਵਿੱਚ ਲਾਲਾ ਲਾਜਪਤ ਰਾਏ, ਸ਼ਹੀਦ ਭਗਤ ਸਿੰਘ ਅਤੇ ਮਾਈ ਭਾਗੋ ਦਾ ਜ਼ਿਕਰ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸ਼ਹੀਦਾਂ ਨੂੰ ਨਕਾਰਨ ਵਾਲੀ ਭਾਜਪਾ ਕੌਣ ਹੈ?

ਭਗਵੰਤ ਮਾਨ ਨੇ ਕਿਹਾ ਕਿ ਇਹ ਬੜੀ ਖ਼ੁਸ਼ੀ ਦੀ ਗੱਲ ਹੈ ਕਿ ਹੁਣ ਤੱਕ ਲੋਕ ਸਭਾ ਚੋਣਾਂ ਦੇ ਚਾਰ ਪੜਾਅ ਹੋ ਚੁੱਕੇ ਹਨ ਅਤੇ ਚਾਰੇ ਪੜਾਅ ਦੀਆਂ ਚੋਣਾਂ ਵਿੱਚ ਭਾਜਪਾ ਹਾਰ ਰਹੀ ਹੈ। ਇਸ ਕਾਰਨ ਪੀਐਮ ਮੋਦੀ ਦਾ ਲਹਿਜ਼ਾ ਬਦਲ ਗਿਆ ਹੈ। ਹੁਣ ਉਹ ਨਫਰਤ ਦੀ ਰਾਜਨੀਤੀ 'ਤੇ ਉਤਰ ਆਇਆ ਹੈ। ਉਹ ਜਾਤੀ ਧਰਮ ਦੇ ਨਾਂ 'ਤੇ ਲੋਕਾਂ ਤੋਂ ਵੋਟਾਂ ਮੰਗ ਰਹੇ ਹਨ ਅਤੇ ਜਾਤੀ-ਧਰਮ ਦੇ ਨਾਂ 'ਤੇ ਲੋਕਾਂ ਨੂੰ ਡਰਾ-ਧਮਕਾ ਕੇ ਵੋਟਾਂ ਹਾਸਲ ਕਰਨਾ ਚਾਹੁੰਦੇ ਹੈ ਕਿਉਂਕਿ ਉਨ੍ਹਾਂ ਕੋਲ ਗਿਣਾਉਣ ਲਈ ਯੋਗ ਕੰਮ ਨਹੀਂ ਹੈ।

ਭਗਵੰਤ ਮਾਨ ਨੇ ਲੋਕਾਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਇਸ ਵਾਰ ਸਾਨੂੰ ਕਿਸੇ ਵੀ ਕੀਮਤ 'ਤੇ ਭਾਜਪਾ ਨੂੰ ਹਰਾਉਣਾ ਹੋਵੇਗਾ। ਜੇਕਰ ਭਾਜਪਾ ਇਸ ਵਾਰ ਜਿੱਤ ਜਾਂਦੀ ਹੈ ਤਾਂ ਇਹ ਦੇਸ਼ ਦੇ ਸੰਵਿਧਾਨ ਨੂੰ ਬਦਲ ਕੇ ਦੇਸ਼ ਵਿੱਚ ਚੋਣ ਪ੍ਰਣਾਲੀ ਨੂੰ ਖ਼ਤਮ ਕਰ ਦੇਣਗੇ। ਫਿਰ ਦੇਸ਼ ਵਿੱਚ ਕਦੇ ਵੀ ਚੋਣਾਂ ਨਹੀਂ ਹੋਣਗੀਆਂ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਭਾਰਤ ਵਿੱਚ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਦੇ ਕਾਨੂੰਨ ਨੂੰ ਲਾਗੂ ਕਰਨਾ ਚਾਹੁੰਦੇ ਹਨ।

ਉਨ੍ਹਾਂ ਕਿਹਾ ਕਿ ਕੱਲ੍ਹ ਸਾਡੇ ਨੇਤਾ ਅਰਵਿੰਦ ਕੇਜਰੀਵਾਲ ਪੰਜਾਬ ਆ ਰਹੇ ਹਨ। ਉਹ ਸਾਡੇ ਨਾਲ ਅੰਮ੍ਰਿਤਸਰ ਵਿੱਚ ਰੋਡ ਸ਼ੋਅ ਕਰਨਗੇ। ਉਨ੍ਹਾਂ ਕਿਹਾ ਕਿ ਭਾਜਪਾ ਵਾਲਿਆਂ ਨੂੰ ਇਹ ਭੁਲੇਖਾ ਸੀ ਕਿ ਅਰਵਿੰਦ ਕੇਜਰੀਵਾਲ ਨੂੰ ਜੇਲ੍ਹ ਵਿੱਚ ਪਾ ਕੇ ਉਹ ਆਮ ਆਦਮੀ ਪਾਰਟੀ ਨੂੰ ਖ਼ਤਮ ਕਰ ਦੇਣਗੇ, ਪਰ ਉਨ੍ਹਾਂ ਨੂੰ ਇਹ ਨਹੀਂ ਪਤਾ ਸੀ ਕਿ ਆਮ ਆਦਮੀ ਪਾਰਟੀ ਦਰਿਆ ਵਾਂਗ ਹੈ ਅਤੇ ਦਰਿਆ ਆਪਣਾ ਰਸਤਾ ਖ਼ੁਦ ਬਣਾਉਂਦਾ ਹੈ। ਨਦੀ ਨੂੰ ਵਹਿਣ ਤੋਂ ਰੋਕਿਆ ਨਹੀਂ ਜਾ ਸਕਦਾ।

ਭਗਵੰਤ ਮਾਨ ਨੇ ਅਕਾਲੀ ਦਲ ਅਤੇ ਸੁਖਬੀਰ ਬਾਦਲ 'ਤੇ ਵੀ ਹਮਲਾ ਬੋਲਿਆ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਲੋਕ ਸਭਾ ਚੋਣਾਂ ਲਈ ਅਕਾਲੀ ਦਲ ਨੂੰ 13 ਉਮੀਦਵਾਰ ਨਹੀਂ ਮਿਲ ਰਹੇ। ਸੁਖਬੀਰ ਬਾਦਲ 'ਤੇ ਵਰ੍ਹਦਿਆਂ ਭਗਵੰਤ ਮਾਨ ਨੇ ਕਿਹਾ ਕਿ ਉਹ ਤਾਪਮਾਨ ਪੁੱਛ ਕੇ ਘਰੋਂ ਨਿਕਲਦੇ ਹਨ। ਜਦੋਂ ਤਾਪਮਾਨ 30 ਡਿਗਰੀ ਦੇ ਕਰੀਬ ਹੁੰਦਾ ਹੈ ਤਾਂ ਉਹ ਦੋ ਘੰਟੇ ਲਈ ਪੰਜਾਬ ਬਚਾਓ ਯਾਤਰਾ ਕੱਢਦਾ ਹੈ। ਅਜਿਹੇ ਲੋਕਾਂ ਤੋਂ ਪੰਜਾਬ ਦੇ ਭਲੇ ਦੀ ਕੀ ਆਸ ਰੱਖੀ ਜਾ ਸਕਦੀ ਹੈ?

LOCAL & LONG DISTANCE MOVING

# H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

**Call: 416.524.6704**
**www.hkmovers.ca**

2023 ThreeBest Rated Certificate of Excellence THREE BEST RATED

SAFE, RELIABLE AND EFFICIENT SERVICE AT THE BEST RATES



The Mortgage Centre
We work for you, not the lenders.




| Debt Consolidation | Renovations & Repairs | Avoiding High penalities |
|---|---|---|

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:

Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

**Rexdale Financial Services**



URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

# JAG AUJLA
MCNE, REAL ESTATE BROKER
**416-371-7777**

e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED IN YOUR NEIGHBOURHOOD

## Sandalwood & Sunny Meadow Blvd



ਬਹੁਤ ਹੀ ਵਧੀਆ ਲੋਕੇਸ਼ਨ ਉਤੇ ਗ੍ਰੀਨਰੀ ਫੇਸਿੰਗ ਬਹੁਤ ਹੀ ਵਧੀਆ ਤਰੀਕੇ ਨਾਲ ਮੇਨਟੇਨ ਕੀਤਾ ਹੋਇਆ ਲਗਭਗ 1305 ਸਕੇਅਰ ਫੁੱਟ (ਐਮਪੈਕ ਅਨੁਸਾਰ) ਦਾ ਕੌਂਡੋ ਸਟੈਕਡ ਟਾਊਨ ਹਾਊਸ, ਸਾਰੇ ਘਰ ਨੂੰ ਨਵਾਂ ਰੰਗ ਕੀਤਾ ਹੋਇਆ, ਸਾਲ 2016-17 ਵਿਚ ਬਣਿਆ ਹੋਇਆ 2 ਬੈਡਰੂਮ + 3 ਵਾਸ਼ਰੂਮ + ਓਪਨ ਟੈਰੇਸਡ ਬਾਲਕਨੀ + 1 ਕਾਰ ਗਰਾਜ ਦੇ ਨਾਲ, ਓਪਨ ਕਾਂਸੈਪਟ ਲਿਵਿੰਗ ਲੈਮੀਨੇਟਡ ਫਲੋਰ ਦੇ ਨਾਲ ਲੈਸ ਡਾਇਨਿੰਗ ਏਰੀਆ, ਸਟੇਨਲੈਸ ਸਟੀਲ ਨਾਲ ਬਣੀਆਂ ਕਿਚਨ ਕੈਬਿਨੇਟਸ, ਮਾਸਟਰ ਬੈਡਰੂਮ 4 ਪੀਸੀ ਐਨਸੂਟ ਦੇ ਨਾਲ ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

## James Potter/Queen/Bonnie Brae



ਬਹੁਤ ਹੀ ਸੋਹਣਾ 3000-3500 ਸਕੇਅਰ ਫੁੱਟ ਦਾ ਡਿਟੈਚਡ ਘਰ, 5+2 ਬੈਡਰੂਮ + ਦਫਤਰ + 5 ਵਾਸ਼ਰੂਮ, ਫਿਨਿਸ਼ਡ ਬੇਸਮੈਂਟ, 2 ਅਲੱਗ ਐਂਟਰੈਂਸ, 9 ਫੁੱਟ ਦੀ ਸੀਲਿੰਗ, ਡਬਲ ਡੋਰ ਐਂਟਰੀ, 5 ਪੀਸੀ ਐਨਸੂਟ ਦੇ ਨਾਲ ਮਾਸਟਰ ਬੈਡਰੂਮ, ਮੇਨ ਫਲੋਰ ਉਤੇ ਲੱਕੜ ਦਾ ਕੰਮ ਕੀਤਾ ਹੋਇਆ, ਬੇਸਮੈਂਟ ਵਿਚ ਲੈਮੀਨੇਟ ਅਤੇ ਸੇਰਾਮਿਕਸ, ਗ੍ਰੇਨਾਈਟ ਕਊਂਟਰ ਟਾਪ ਅਤੇ ਸੈਂਟਰ ਆਈਲੈਂਡ ਦੇ ਨਾਲ ਕਿਚਨ, ਗ੍ਰੀਨਰੀ ਵੱਲ ਫੇਸ ਕਰਦਾ ਹੋਇਆ ਬ੍ਰੇਕਫਾਸਟ ਏਰੀਆ, ਮੇਨ ਫਲੋਰ ਉਤੇ ਲਾਊਂਡਰੀ, ਘਰ ਦੇ ਸਾਹਮਣੇ ਪਾਰਕ ਅਤੇ ਹੋਰ ਵੀ ਬਹੁਤ ਕੁੱਝ।

## Caledon Ontario (Dir/Cross St:Mayfield/ Mclaughlin/Tweedhill)



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

## Bramalea/Father Tobin /Fernfor



ਬਹੁਤ ਹੀ ਸ਼ਾਨਦਾਰ 3065 ਸਕੇਅਰ ਫੁੱਟ ਦਾ 3 ਮੰਜਲਾ ਡਿਟੈਚਡ ਘਰ, 5+1 ਬੈਡਰੂਮ + 5 ਵਾ-ਸ਼ਰੂਮ ਅਤੇ 2 ਫੈਮਿਲੀ ਰੂਮ, 2 ਮਾਸਟਰ ਬੈਡਰੂਮ ਅਤੇ ਇਕ ਫਿਨਿਸ਼ਡ ਬੇਸਮੈਂਟ, ਡਬਲ ਡੋਰ ਐਂ-ਟਰੀ, ਓਕ ਸਟੇਅਰਕੇਸ, ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ ਵਿਚ ਹਾਰਡਵੁੱਡ ਲੱਗਾ ਹੋਇਆ, ਸੋਹਣਾ ਜਿਹਾ ਕਿਚਨ ਸੈਂਟਰ ਆਈਲੈਂਡ ਦੇ ਨਾਲ, ਮਾਸਟਰ ਬੈਡਰੂਮ ਵਿਚ 5 ਪੀਸੀ ਐਨ-ਸੂਟ, ਦੂਜੀ ਮੰਜਲ 'ਤੇ ਲਾਊਂਡਰੀ, ਗਰਾਜ ਤੋਂ ਘਰ ਦੀ ਐਂਟਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਦੇ ਨਾਲ, ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232

Call JAG AUJLA Cell 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT


Asian Food Centre
WE'RE HERE TO SERVE ONLY THE BEST PRODUCTS FOR YOU.
FRESH
FRUITS & VEGETABLES
Healthy & fresh grocery
Variety of Indian Sweets Available
OPEN NOW
340 Woodlawn RD
Guelph, N1H 7K6
ETOBICOKE
10 Westmore Dr. MEAT SHOP AVAILABLE
416-740-3262
MISSISSAUGA
1075 Ceremonial Dr MEAT SHOP AVAILABLE
905-502-1600
BRAMPTON
621 Wanless Dr. MEAT SHOP AVAILABLE
905-495-3336
BRAMPTON
2120 N Park Dr. MEAT SHOP AVAILABLE
905-793-1338
BRAMPTON
80 Pertosa Dr.
905-460-0009
TOLL FREE
1-800-708-9232
BRAMPTON
40 Airport RD & Lacoste Blvd. MEAT SHOP AVAILABLE
905-794-8109
BRAMPTON
10510 Torbram Rd.
905-790-0030
BRAMPTON
10 Pannahill Dr. MEAT SHOP AVAILABLE
905-913-8017
GUELPH
340 Woodlawn Rd W
226-669-0004
We reserve the right to limit the quantity. Prices subject to change without notice, while supplies last. Product images are for illustration purpose only. Design & Print by InfoTech Media